## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 5/58-2011 ਅ3(2) ਕੋ:ਸੈਲ:4
ਮਿਤੀ, ਐਸ.ਏ.ਐਸ.ਨਗਰ :- 08.07.2016

ਸ਼੍ਰੀਮਤੀ ਮਨਜੋਤ ਕੌਰ, ਸਾਇੰਸ ਮਿਸਟ੍ਰੈਸ, ਸਮਿਸ ਭਾਰਟਾ ਗਨੇਸ਼ਪੁਰ, ਜਿਲ੍ਹਾ ਹੁਸਿਆਰਪੁਰ ਜੋ ਕਿ ਮਿਤੀ 24.06.2011 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਸਰਕਾਰ ਵੱਲੋਂ ਹੁਕਮ ਵੱਲੋਂ ਹੁਕਮ ਨੰ:5/58-11 ਅ3(2) ਮਿਤੀ 17.11.11/09.03.12 ਰਾਹੀਂ ਪੰਜਾਬ ਸਿਵਲ ਸੇਵਾਵਾਂ ਸਜ਼ਾ ਅਤੇ ਅਪੀਲ ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5(v-ix) ਤਹਿਤ ਦੋਸ਼ ਸੂਚੀ ਜਾਰੀ ਕੀਤੀ ਗਈ।

ਸ਼੍ਰੀਮਤੀ ਮਨਜੋਤ ਕੌਰ, ਸਾਇੰਸ ਮਿਸਟ੍ਰੈਸ, ਸਮਿਸ ਭਾਰਟਾ ਗਨੇਸ਼ਪੁਰ, ਜਿਲ੍ਹਾ ਹੁਸਿਆਰਪੁਰ ਵੱਲੋਂ ਦੋਸ਼ ਸੂਚੀ ਦਾ ਉੱਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਵਿਭਾਗ ਦੇ ਹੁਕਮ ਨੰ:5/50-11 ਅ3(2) ਮਿਤੀ 23.05.12/19.06.12 ਰਾਹੀਂ ਸ੍ਰੀ ਸਲਿੰਦਰ ਸਿੰਘ, ਉਪ ਜਿਲ੍ਹਾ ਸਿੱਖਿਆ ਅਫਸਰ(ਸੈਸਿ) ਹੁਸਿਆਰਪੁਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਕਰਮਚਾਰਨ ਵਿਰੁੱਧ ਮਿਤੀ 24.06.2011 ਤੋਂ ਆਪਣੀ ਸਰਕਾਰੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ ਗਿਆ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਸ਼੍ਰੀਮਤੀ ਮਨਜੋਤ ਕੌਰ, ਸਾਇੰਸ ਮਿਸਟ੍ਰੈਸ, ਸਮਿਸ ਭਾਰਟਾ ਗਨੇਸ਼ਪੁਰ, ਜਿਲ੍ਹਾ ਹੁਸਿਆਰਪੁਰ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 02.06.16 ਨੂੰ "ਅਜੀਤ ਅਖਬਾਰ" ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 8 ਤੇ ਕਰਮਚਾਰਨ ਦਾ ਨਾਮ ਦਰਸਾਇਆ ਗਿਆ। ਇਸ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਮਨਜੋਤ ਕੌਰ, ਸਾਇੰਸ ਮਿਸਟ੍ਰੈਸ, ਸਮਿਸ ਭਾਰਟਾ ਗਨੇਸ਼ਪੁਰ, ਜਿਲ੍ਹਾ ਹੁਸਿਆਰਪੁਰ ਦੇ ਮਿਤੀ 24.06.2011 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇਂ ਸਰਕਾਰੀ ਡਿਊਟੀ ਤੋਂ ਗੈਰ-ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 11557-60 ਮਿਤੀ, ਐਸ.ਏ.ਐਸ.ਨਗਰ :- 25/7/16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਹੁਸਿਆਰਪੁਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ। (ਰਜਿ)
3. ਪ੍ਰਿੰਸੀਪਲ/ਮੁੱਖਅਧਿਆਪਕ, ਸਮਿਸ ਭਾਰਟਾ ਗਨੇਸ਼ਪੁਰ, ਜਿਲ੍ਹਾ ਹੁਸਿਆਰਪੁਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀਮਤੀ ਮਨਜੋਤ ਕੌਰ, ਸਾਇੰਸ ਮਿਸਟ੍ਰੈਸ, ਸਮਿਸ ਭਾਰਟਾ ਗਨੇਸ਼ਪੁਰ, ਜਿਲ੍ਹਾ ਹੁਸਿਆਰਪੁਰ ।

ਸੁਪਰਡੰਟ ਕੋਆਰਡੀਨੇਸ਼ਨ ਸੈਲ

### ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ:10/83-11 ਅ-3(5) (ਕੋ:ਸੈਲ (4)
ਮਿਤੀ, ਐਸ.ਏ.ਐਸ.ਨਗਰ :-15-07-16

ਸ਼੍ਰੀਮਤੀ ਬੁਨੀਤਾ ਚਾਵਲਾ, ਲੈਕਚਰਾਰ ਅੰਗਰੇਜ਼ੀ, ਸਕੰਸਸਸ ਬੁਤਾਲਾ, ਜ਼ਿਲ੍ਹਾ ਅੰਮ੍ਰਿਤਸਰ ਜੋ ਕਿ ਮਿਤੀ 24.09.2009 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਵਿਭਾਗ ਵੱਲੋਂ ਹੁਕਮ ਨੰ: 7/86/11-5 ਸਿ2/7110 ਮਿਤੀ 15.09.11 ਰਾਹੀਂ ਪੰਜਾਬ ਸਿਵਲ ਸੇਵਾਵਾਂ ਸਜ਼ਾ ਅਤੇ ਅਪੀਲ ਨਿਯਮਾਂਵਲੀ 1970 ਦੀ ਧਾਰਾ 8 ਅਤੇ ਪੰਜਾਬ ਸਰਕਾਰ ਆਚਰਣ ਨਿਯਮ 1966 ਦੇ ਉਪਬੰਧਾਂ ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ।

ਸ਼੍ਰੀਮਤੀ ਬਨੀਤਾ ਚਾਵਲਾ, ਲੈਕਚਰਾਰ ਅੰਗਰੇਜ਼ੀ, ਸਕੰਸਸਸ ਬੁਤਾਲਾ, ਜ਼ਿਲ੍ਹਾ ਅੰਮ੍ਰਿਤਸਰ ਵੱਲੋ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਲਈ ਵਿਭਾਗ ਦੇ ਹੁਕਮ ਨੰ: 7/86/2011-5ਸਿ2/1893 ਮਿਤੀ 07.03.12 ਰਾਹੀਂ ਸ਼੍ਰੀਮਤੀ ਸੁਨੀਤਾ ਕਿਰਨ, ਪ੍ਰਿੰਸੀਪਲ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਵੇਰਕਾ, ਜ਼ਿਲ੍ਹਾ ਅੰਮ੍ਰਿਤਸਰ ਹੁਣ ਜ਼ਿਲ੍ਹਾ ਸਿੱਖਿਆ ਅਫਸਰ(ਸੈਸਿ) ਹੁਸ਼ਿਆਰਪੁਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰਨ ਵਿਰੁੱਧ ਮਿਤੀ 24-09-2009 ਤੋਂ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀਮਤੀ ਬਨੀਤਾ ਚਾਵਲਾ, ਲੈਕਚਰਾਰ ਅੰਗਰੇਜ਼ੀ, ਸਕੰਸਸਸ ਬੁਤਾਲਾ, ਜ਼ਿਲ੍ਹਾ ਅੰਮ੍ਰਿਤਸਰ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਮਿਤੀ 02-06-16 ਨੂੰ ਅਜੀਤ ਅਖਬਾਰ ਵਿਚ ਪਬਲ਼ਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 6 ਤੇ ਇਸ ਕਰਮਚਾਰਨ ਦਾ ਨਾਂ ਸਾਮਲ ਹੈ। ਇਸ ਇਸ਼ਤਿਹਾਰ ਰਾਹੀਂ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਉਪਰੋਕਤ ਸਥਿਤੀ ਨੂੰ ਦੇਖਦੇ ਹੋਏ ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਬਨੀਤਾ ਚਾਵਲਾ, ਲੈਕਚਰਾਰ ਅੰਗਰੇਜ਼ੀ, ਸਕੰਸਸਸ ਬੁਤਾਲਾ, ਜ਼ਿਲ੍ਹਾ ਅੰਮ੍ਰਿਤਸਰ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 24-09-2009 ਤੋਂ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਉਸ ਦੀਆਂ ਸੇਵਾਵਾਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿੱਠ ਅੰਕਣ ਨੰ: ਉਕਤ / 11509-12 ਮਿਤੀ, ਐਸ.ਏ.ਐਸ.ਨਗਰ : 25/7/16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਰਜਿ ਜਿਲਾ ਸਿੱਖਿਆ ਅਫਸਰ (ਸੈ:ਸਿ), ਅੰਮ੍ਰਿਤਸਰ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ ਮੁੱਖ ਅਧਿਆਪਕ, ਸਕੰਸਸਸ ਬੁਤਾਲਾ, ਜ਼ਿਲ੍ਹਾ ਅੰਮ੍ਰਿਤਸਰ ਨੂੰ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ ਅਤੇ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀਮਤੀ ਬਨੀਤਾ ਚਾਵਲਾ, ਲੈਕਚਰਾਰ ਅੰਗਰੇਜ਼ੀ, ਸਕੰਸਸਸ ਬੁਤਾਲਾ, ਜ਼ਿਲ੍ਹਾ ਅੰਮ੍ਰਿਤਸਰ।

ਸੁਪਰਡੈਂਟ ਕੋਆਰਡੀਨੇਸ਼ਨ ਸੈਲ